ਸਿਰੀਰਾਗੁ ਮਹਲਾ ੫ ॥ ਸੋਈ ਸਾਸਤੁ ਸਉਣੁ ਸੋਇ ਜਿਤੁ ਜਪੀਐ ਹਰਿ ਨਾਉ ॥ ਚਰਣ ਕਮਲ ਗੁਰਿ ਧਨੁ ਦੀਆ ਮਿਲਿਆ ਨਿਥਾਵੇ ਥਾਉ ॥ ਸਾਚੀ ਪੂੰਜੀ ਸਚੁ ਸੰਜਮੋ ਆਠ ਪਹਰ ਗੁਣ ਗਾਉ ॥ ਕਰਿ ਕਿਰਪਾ ਪ੍ਰਭੁ ਭੇਟਿਆ ਮਰਣੁ ਨ ਆਵਣੁ ਜਾਉ ॥੧॥ ਮੇਰੇ ਮਨ ਹਰਿ ਭਜੁ ਸਦਾ ਇਕ ਰੰਗਿ ॥ ਘਟ ਘਟ ਅੰਤਰਿ ਰਵਿ ਰਹਿਆ ਸਦਾ ਸਹਾਈ ਸੰਗਿ ॥੧॥ ਰਹਾਉ ॥ ਸੁਖਾ ਕੀ ਮਿਤਿ ਕਿਆ ਗਣੀ ਜਾ ਸਿਮਰੀ ਗੋਵਿੰਦੁ ॥ ਜਿਨ ਚਾਖਿਆ ਸੇ ਤ੍ਰਿਪਤਾਸਿਆ ਉਹ ਰਸੁ ਜਾਣੈ ਜਿੰਦੁ ॥ ਸੰਤਾ ਸੰਗਤਿ ਮਨਿ ਵਸੈ ਪ੍ਰਭੁ ਪ੍ਰੀਤਮੁ ਬਖਸਿੰਦੁ ॥ ਜਿਨਿ ਸੇਵਿਆ ਪ੍ਰਭੁ ਆਪਣਾ ਸੋਈ ਰਾਜ ਨਰਿੰਦੁ ॥ ੨॥ ਅਉਸਰਿ ਹਰਿ ਜਸੁ ਗੁਣ ਰਮਣ ਜਿਤੁ ਕੋਟਿ ਮਜਨ ਇਸਨਾਨੁ ॥ ਰਸਨਾ ਉਚਰੈ ਗੁਣਵਤੀ ਕੋਇ ਨ ਪੁਜੈ ਦਾਨੁ ॥ ਦ੍ਰਿਸਟਿ ਧਾਰਿ ਮਨਿ ਤਨਿ ਵਸੈ ਦਇਆਲ ਪੁਰਖੁ ਮਿਹਰਵਾਨੁ ॥ ਜੀਉ ਪਿੰਡੁ ਧਨੁ ਤਿਸ ਦਾ ਹਉ ਸਦਾ ਸਦਾ ਕੁਰਬਾਨੁ ॥ ੩॥ ਮਿਲਿਆ ਕਦੇ ਨ ਵਿਛੁੜੈ ਜੋ ਮੇਲਿਆ ਕਰਤਾਰਿ ॥ ਦਾਸਾ ਕੇ ਬੰਧਨ ਕਟਿਆ ਸਾਚੈ ਸਿਰਜਣਹਾਰਿ ॥ ਭੂਲਾ ਮਾਰਗਿ ਪਾਇਓਨੁ ਗੁਣ ਅਵਗੁਣ ਨ ਬੀਚਾਰਿ ॥ ਨਾਨਕ ਤਿਸੁ ਸਰਣਾਗਤੀ ਜਿ ਸਗਲ ਘਟਾ ਆਧਾਰੁ ॥੪॥੧੮॥੮੮॥ {ਪੰਨਾ 48-49}

ਪਦਅਰਥ:- ਸੋਈ—ਉਹ (ਗੁਰੂ) ਹੀ। ਸਾਸਤੁ—ਸ਼ਾਸਤ੍ਰ। ਸਉਣੁ—ਸ਼ੌਣਕ ਦਾ ਬਣਾਇਆ ਹੋਇਆ ਜੋਤਿਸ਼ ਦਾ ਸ਼ਾਸਤ੍ਰ। ਜਿਤੁ—ਜਿਸ (ਗੁਰੂ) ਦੀ ਰਾਹੀਂ। ਚਰਨ ਕਮਲੁ—ਕੌਲ ਫੁੱਲ ਵਰਗਾ ਸੋਹਣਾ ਚਰਨ। ਗੁਰਿ—ਗੁਰੂ ਨੇ। ਸਾਚੀ—ਸਦਾ-ਥਿਰ ਰਹਿਣ ਵਾਲੀ। ਪੂੰਜੀ—ਰਾਸ, ਸਰਮਾਇਆ। ਸੰਜਮੋ—ਸੰਜਮੁ, ਇੰਦ੍ਰੀਆਂ ਨੂੰ ਵੱਸ ਕਰਨ ਦਾ ਜਤਨ। ਆਵਣੁ ਜਾਉ—ਜੰਮਣਾ ਮਰਨਾ।1।

ਇਕ ਰੰਗਿ—ਇੱਕ ਦੇ ਰੰਗ ਵਿਚ, ਪ੍ਰਭੂ ਦੇ ਪਿਆਰ ਵਿਚ।1। ਰਹਾਉ।

ਮਿਤਿ—ਮਿਣਤੀ, ਹੱਦ-ਬੰਨਾ। ਗਣੀ—ਗਣੀਂ, ਮੈਂ ਗਿਣਾਂ। ਸਿਮਰੀ—ਸਿਮਰੀਂ, ਮੈਂ ਸਿਮਰਦਾ ਹਾਂ। ਜਿਨ—ਜਿਨ੍ਹਾਂ ਬੰਦਿਆਂ ਨੇ। ਉਹ—{ਨੋਟ:- ਇਹ ਲਫ਼ਜ਼ ਇਸਤ੍ਰੀ ਲਿੰਗ ਹੋਣ ਕਰਕੇ ਲਫ਼ਜ਼ 'ਜਿੰਦੁ' ਦਾ ਵਿਸ਼ੇਸ਼ਣ ਹੈ}। ਜਿਨਿ—ਜਿਸ ਨੇ {ਨੋਟ:- ਲਫ਼ਜ਼ 'ਜਿਨ' ਬਹੁ-ਵਚਨ ਹੈ। ਲਫ਼ਜ਼ 'ਜਿਨਿ' ਇਕ-ਵਚਨ}। ਨਰਿੰਦੁ—ਰਾਜਾ। ਰਾਜ ਨਰਿੰਦੁ—ਰਾਜਿਆਂ ਦਾ ਰਾਜਾ।2।

ਅਉਸਰਿ—ਸਮੇ ਵਿਚ। ਜਿਤੁ ਅਉਸਰਿ—ਜਿਸ ਸਮੇ ਵਿਚ। ਮਜਨ—ਇਸ਼ਨਾਨ। ਰਸਨਾ—ਜੀਭ। ਗੁਣਵਤੀ ਰਸਨਾ—ਭਾਗਾਂ ਵਾਲੀ ਜੀਭ। ਧਾਰਿ—ਧਾਰ ਕੇ। ਮਨਿ—ਮਨ ਵਿਚ। ਜੀਉ—ਜਿੰਦ। ਪਿੰਡੁ—ਸਰੀਰ। ਤਿਸ ਦਾ—ਉਸ ਪ੍ਰਭੂ ਦਾ (ਦਿਤਾ ਹੋਇਆ) {ਨੋਟ:- ਲਫ਼ਜ਼ 'ਤਿਸੁ' ਦਾ ਸੰਬੰਧਕ 'ਦਾ' ਦੇ ਕਾਰਨ ਡਿੱਗ ਪਿਆ ਹੈ}। ਹਉ—ਮੈਂ।3।

ਕਰਤਾਰਿ—ਕਰਤਾਰ ਨੇ। ਸਾਚੈ—ਸਦਾ-ਥਿਰ ਰਹਿਣ ਵਾਲੇ ਨੇ। ਸਿਰਜਣਹਾਰਿ—ਸਿਰਜਨਹਾਰ ਨੇ। ਮਾਰਗਿ—(ਸਹੀ) ਰਸਤੇ ਉੱਤੇ। ਪਾਇਓਨੁ—ਪਾਇਆ ਉਨਿ, ਉਸ ਨੇ ਪਾ ਦਿੱਤਾ। ਬੀਚਾਰਿ—ਵਿਚਾਰ ਕੇ। ਜਿ—ਜੇਹੜਾ (ਪ੍ਰਭੂ)। ਘਟਾ—ਘਟਾਂ, ਸਰੀਰਾਂ ਦਾ। ਆਧਾਰੁ—ਆਸਰਾ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਪਿਆਰ ਵਿਚ (ਜੁੜ ਕੇ) ਸਦਾ ਪਰਮਾਤਮਾ ਦਾ ਭਜਨ ਕਰ। ਉਹ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੈ, ਉਹ ਸਦਾ ਸਹੈਤਾ ਕਰਨ ਵਾਲਾ ਹੈ, ਤੇ ਉਹ ਸਦਾ ਅੰਗ-ਸੰਗ ਰਹਿੰਦਾ ਹੈ।1। ਰਹਾਉ।

(ਪਰ ਹੇ ਮਨ! ਗੁਰੂ ਦੀ ਸਰਨ ਪਿਆਂ ਹੀ ਨਾਮ ਸਿਮਰ ਸਕੀਦਾ ਹੈ) ਉਹ ਗੁਰੂ ਹੀ ਸ਼ਾਸਤ੍ਰ ਹੈ, ਉਹ ਗੁਰੂ ਹੀ ਜੋਤਿਸ਼-ਸ਼ਾਸਤ੍ਰ ਹੈ, ਕਿਉਂਕਿ ਉਸ (ਗੁਰੂ) ਦੀ ਰਾਹੀਂ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ। ਜਿਸ ਨਿਆਸਰੇ ਬੰਦੇ ਨੂੰ

ਭੀ ਗੁਰੂ ਨੇ ਪਰਮਾਤਮਾ ਦੇ ਸੋਹਣੇ ਚਰਨਾਂ ਦੀ ਪ੍ਰੀਤਿ ਦਾ ਧਨ ਦਿੱਤਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਆਦਰ ਮਿਲ ਜਾਂਦਾ ਹੈ। (ਹੇ ਮੇਰੇ ਮਨ!) ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਰਹੁ, ਇਹ ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ, ਇਹੀ ਇੰਦ੍ਰੀਆਂ ਨੂੰ ਕਾਬੂ ਕਰਨ ਦਾ ਅਟੱਲ ਸਾਧਨ ਹੈ। (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ ਉਸ ਨੂੰ) ਪ੍ਰਭੂ ਮਿਹਰ ਕਰ ਕੇ ਮਿਲ ਪੈਂਦਾ ਹੈ, ਉਸ ਨੂੰ ਆਤਮਕ ਮੌਤ ਨਹੀਂ ਆਉਂਦੀ, ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ।1।

ਜਦੋਂ ਮੈਂ ਧਰਤੀ ਦੇ ਪਾਲਕ ਪ੍ਰਭੂ ਨੂੰ ਸਿਮਰਦਾ ਹਾਂ (ਉਸ ਵੇਲੇ ਇਤਨੇ ਸੁਖ ਅਨੁਭਵ ਹੁੰਦੇ ਹਨ ਕਿ) ਮੈਂ ਉਹਨਾਂ ਸੁਖਾਂ ਦਾ ਅੰਦਾਜ਼ਾ ਨਹੀਂ ਲਾ ਸਕਦਾ। ਜਿਨ੍ਹਾਂ ਬੰਦਿਆਂ ਨੇ ਨਾਮ-ਰਸ ਚੱਖਿਆ ਹੈ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰਜ ਜਾਂਦੇ ਹਨ; (ਪਰ ਜੇਹੜੀ ਜਿੰਦ ਨਾਮ ਜਪਦੀ ਹੈ) ਉਹੀ ਜਿੰਦ ਉਸ ਨਾਮ-ਰਸ ਨੂੰ ਸਮਝਦੀ ਹੈ। ਪ੍ਰੀਤਮ ਬਖ਼ਸ਼ਣਹਾਰ ਪ੍ਰਭੂ ਸਾਧ ਸੰਗਤਿ ਵਿਚ ਟਿਕਿਆਂ ਹੀ ਮਨ ਵਿਚ ਵੱਸਦਾ ਹੈ। ਜਿਸ ਮਨੁੱਖ ਨੇ ਪਿਆਰੇ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹ ਰਾਜਿਆਂ ਦਾ ਰਾਜਾ ਬਣ ਗਿਆ ਹੈ।2।

ਜਿਸ ਸਮੇਂ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਜਾਏ, ਪਰਮਾਤਮਾ ਦੇ ਗੁਣ ਯਾਦ ਕੀਤੇ ਜਾਣ (ਉਸ ਸਮੇਂ, ਮਾਨੋ) ਕ੍ਰੋੜਾਂ ਤੀਰਥਾਂ ਦੇ ਇਸ਼ਨਾਨ ਹੋ ਜਾਂਦੇ ਹਨ। ਜੇ ਕੋਈ ਭਾਗਾਂ ਵਾਲੀ ਜੀਭ ਪਰਮਾਤਮਾ ਦੇ ਗੁਣ ਉਚਾਰਦੀ ਹੈ, ਤਾਂ ਹੋਰ ਕੋਈ ਦਾਨ (ਇਸ ਕੰਮ ਦੀ) ਬਰਾਬਰੀ ਨਹੀਂ ਕਰ ਸਕਦਾ। (ਜੇਹੜਾ ਮਨੁੱਖ ਸਿਮਰਨ ਕਰਦਾ ਹੈ ਉਸ ਦੇ) ਮਨ ਵਿਚ ਸਰੀਰ ਵਿਚ ਮਿਹਰਬਾਨ ਦਇਆਲ ਅਕਾਲ ਪੁਰਖ ਮਿਹਰ ਦੀ ਨਿਗਾਹ ਕਰ ਕੇ ਆ ਵੱਸਦਾ ਹੈ। ਇਹ ਜਿੰਦ, ਇਹ ਸਰੀਰ, ਇਹ ਧਨ ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, ਮੈਂ ਸਦਾ ਹੀ ਉਸ ਤੋਂ ਸਦਕੇ ਜਾਂਦਾ ਹਾਂ।3।

ਜਿਸ ਮਨੁੱਖ ਨੂੰ ਕਰਤਾਰ ਨੇ (ਆਪਣੇ ਚਰਨਾਂ ਵਿਚ) ਜੋੜ ਲਿਆ ਹੈ ਪ੍ਰਭੂ-ਚਰਨਾਂ ਵਿਚ ਜੁੜਿਆ ਉਹ ਮਨੁੱਖ (ਕਦੇ ਮਾਇਆ ਦੇ ਬੰਧਨਾਂ ਵਿਚ ਨਹੀਂ ਫਸਦਾ, ਤੇ) ਕਦੇ (ਪ੍ਰਭੂ ਤੋਂ) ਨਹੀਂ ਵਿੱਛੁੜਦਾ। ਸਦਾ-ਥਿਰ ਰਹਿਣ ਵਾਲੇ ਸਿਰਜਣਹਾਰ ਨੇ ਆਪਣੇ ਦਾਸਾਂ ਦੇ (ਮਾਇਆ ਦੇ) ਬੰਧਨ (ਸਦਾ ਲਈ) ਕੱਟ ਦਿੱਤੇ ਹੁੰਦੇ ਹਨ।

(ਜੇ ਉਸ ਦਾ ਦਾਸ ਪਹਿਲਾਂ) ਕੁਰਾਹੇ ਭੀ ਪੈ ਗਿਆ (ਸੀ ਤੇ ਫਿਰ ਉਸ ਦੀ ਸਰਨ ਆਇਆ ਹੈ ਤਾਂ) ਉਸ ਪ੍ਰਭੂ ਨੇ ਉਸ ਦੇ (ਪਹਿਲੇ) ਗੁਣ ਔਗੁਣ ਨਾਹ ਵਿਚਾਰ ਕੇ ਉਸ ਨੂੰ ਸਹੀ ਰਸਤੇ ਉੱਤੇ ਪਾ ਦਿੱਤਾ ਹੈ। ਹੇ ਨਾਨਕ! ਉਸ ਪ੍ਰਭੂ ਦੀ ਸਰਨ ਪਉ ਜੋ ਸਾਰੇ ਸਰੀਰਾਂ ਦਾ (ਜੀਵਾਂ ਦਾ) ਆਸਰਾ ਹੈ।4।18। 88।